# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :27-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਅੱਜ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ -ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ, ਗੁਰੂ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ ਨੇ।

- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲ ਅੱਜ ਸ਼ਰਧਾ ਭਾਵ ਨਾਲ ਸਮਾਪਤ ਹੋਇਆ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।

- ਪੰਜਾਬ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਛੱਤਬੀੜ ਚਿੜੀਆਘਰ ਵਿਖੇ ਜਾਨਵਰਾਂ ਨੂੰ ਠੰਢ ਤੋਂ ਬਚਾਉਣ ਲਈ ਕੀਤੇ ਵਿਸ਼ੇਸ਼ ਪ੍ਰਬੰਧ।  ਅਤੇ

- ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਹਿਮਾਚਲ ਪ੍ਰਦੇਸ਼, ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਜਤਾਈ ।

***ਹੁਣ ਖਬਰਾਂ ਵਿਸਥਾਰ ਨਾਲ***

ਖ਼ਾਲਸਾ ਪੰਥ ਦੇ ਸਾਜਣਹਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ 359ਵਾਂ ਪ੍ਰਕਾਸ਼ ਪੁਰਬ ਅੱਜ ਪਟਨਾ ਸਾਹਿਬ ਵਿਚ ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਥਿਤ  ਸ੍ਰੀ ਹਰਿਮੰਦਰ ਸਾਹਿਬ ਤੇ ਪੰਜਾਬ ਭਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਮਨਾਇਆ ਜਾ ਰਿਹਾ ਏ । ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਸਮੇਤ ਭਾਰਤ ਅਤੇ ਵਿਦੇਸ਼ਾਂ ਵਿੱਚ ਕਈ ਧਾਰਮਿਕ ਸਮਾਗਮ,  ਦਸਵੇਂ ਗੁਰੂ ਦੇ ਪ੍ਰਕਾਸ਼ ਪੁਰਬ  ਦੇ

ਨਾਲ ਨਾਲ  ਉਨ੍ਹਾਂ ਦੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦੀ ਯਾਦ ਵਿੱਚ ਵੀ ਕੀਤੇ ਜਾ ਰਹੇ ਨੇ।

ਵੇਰਵੇ ਨਾਲ ਸਾਡੇ ਪੱਤਰਕਾਰ ਦੀ ਰਿਪੋਰਟ

----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਸ਼੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ  'ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਆਪਣੀ ਅਦੁੱਤੀ ਹਿੰਮਤ ਅਤੇ ਅਸਾਧਾਰਨ ਗਿਆਨ  ਨਾਲ ਲੋਕਾਂ ਨੂੰ ਨੇਕ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ। ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਉਨ੍ਹਾਂ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪੂਰਾ ਦੇਸ਼ ਅੱਜ ਗੁਰੂ ਗੋਬਿੰਦ ਸਿੰਘ ਜੀ ਦੀ ਮਿਸਾਲੀ ਹਿੰਮਤ, ਗਿਆਨ ਅਤੇ ਦਇਆ ਅੱਗੇ ਸ਼ਰਧਾ ਨਾਲ ਝੁਕਦਾ ਏ। ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੱਚ, ਨਿਆਂ ਅਤੇ ਧਾਰਮਿਕਤਾ ਨੂੰ ਕਾਇਮ ਰੱਖਣ ਅਤੇ ਨਿਡਰਤਾ ਅਤੇ ਨਿਮਰਤਾ ਨਾਲ ਜੀਉਣ ਲਈ ਪ੍ਰੇਰਿਤ ਕਰਦੇ ਹਨ। ਪ੍ਰਧਾਨ ਮੰਤਰੀ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ

ਸਾਹਿਬ, ਦੀ ਇਸ ਸਾਲ ਦੀ ਯਾਤਰਾ ਦੀਆਂ ਫੋਟੋਆਂ ਸਾਂਝੀਆਂ ਕੀਤੀਆਂ। ਸ਼੍ਰੀ ਮੋਦੀ ਨੇ ਕਿਹਾ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਹਿੰਮਤ, ਦਇਆ ਅਤੇ ਕੁਰਬਾਨੀ ਦਾ ਪ੍ਰਤੀਕ ਨੇ । ਉਨ੍ਹਾਂ ਕਿਹਾ ਕਿ  ਗੁਰੂ ਜੀ ਦਾ ਜੀਵਨ ਅਤੇ ਸਿੱਖਿਆਵਾਂ ਲੋਕਾਂ ਨੂੰ ਸੱਚ, ਨਿਆਂ, ਧਾਰਮਿਕਤਾ ਅਤੇ ਮਨੁੱਖੀ ਕਦਰਾਂ ਕੀਮਤਾਂ ਵਾਸਤੇ ਯਤਨਸ਼ੀਲ ਹੋਣ ਲਈ ਪ੍ਰੇਰਿਤ ਕਰਦੀਆਂ ਹਨ।

------------------------------------------------------

ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ , ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਭਾ ਦੌਰਾਨ ਅੱਜ ਲੱਖਾਂ ਸੰਗਤਾਂ ਨੇ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਨਮਨ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਪੁਰਾਤਨ ਰਿਵਾਇਤ ਮੁਤਾਬਿਕ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ, ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪਹੁੰਚ ਕੇ ਸੰਪੂਰਨ ਹੋਇਆ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ

ਕੁਲਦੀਪ ਸਿੰਘ ਗੜ-ਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦਾ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰ ਕੀਤੀ। ਨਗਰ ਕੀਰਤਨ ਵਿਚ ਵੱਖ-ਵੱਖ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਗਤਕਾ ਦੇ ਜੰਗਜੂ ਜੌਹਰ ਦਿਖਾਏ ਅਤੇ ਵੱਡੀ ਗਿਣਤੀ ਵਿਚ ਸਕੂਲੀ ਵਿਦਿਆਰਥੀਆਂ ਨੇ ਵੀ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦਾ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜ-ਗੱਜ ਨੇ ਸੰਬੋਧਨ ਕਰਦਿਆਂ ਨੌਜਵਾਨਾਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਸਾਬਤ ਸੂਰਤ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਕੁਲਦੀਪ ਸਿੰਘ ਗੜ-ਗੱਜ ਨੇ ਕਿਹਾ ਕਿ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਭਰ ਵਿੱਚ ਸ਼ਰਾਬ ਦੇ

ਠੇਕੇ ਬੰਦ ਅਤੇ ਸਿਗਰਟ, ਬੀੜੀ ਤੰਬਾਕੂ 'ਤੇ ਵੀ ਮੁਕੰਮਲ ਪਾਬੰਦੀ ਹੋਣੀ ਚਾਹੀਦੀ ਏ ।

--------------------------------------------------------

ਇਸੇ ਦੌਰਾਨ  ਵਣ ਵਿਭਾਗ ਵੱਲੋਂ ਸ਼ਹੀਦੀ ਸਭਾ ਦੇ ਅੰਤਿਮ ਦਿਨ, ਬੂਟੇ ਵੰਡਣ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਾਈ ਗਈ । ਇਸ ਮੌਕੇ ਵਿਭਾਗ ਵੱਲੋਂ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ ਨੂੰ ਸ਼ਰਧਾ ਵਜੋਂ 'ਬੂਟਾ ਪ੍ਰਸਾਦ' ਮੁਫਤ ਵੰਡਿਆ ਗਿਆ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ ਵੱਖ ਸਰਕਾਰੀ ਵਿਭਾਗਾਂ ਅਤੇ ਗੈਰ ਸਰਕਾਰੀ ਸੰਸਥਾਵਾਂ ਵੱਲੋਂ ਲਗਾਈਆਂ ਵਿਕਾਸ ਪ੍ਰਦਰਸ਼ਨੀਆਂ ਨੂੰ ਸੰਗਤਾਂ ਨੇ ਦੇਖਿਆ।  ਵਣ ਵਿਭਾਗ ਨੇ ਸੰਗਤਾਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕੀਤੀ। ਲੋਕਾਂ ਨੇ ਵਣ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਪ੍ਰਣ ਕੀਤਾ ਕਿ ਉਹ ਇਨ੍ਹਾਂ ਬੂਟਿਆਂ ਨੂੰ ਆਪਣੇ ਘਰਾਂ ਅਤੇ ਖੇਤਾਂ ਵਿੱਚ ਲਗਾ ਕੇ ਇਨ੍ਹਾਂ ਦੀ ਪਾਲਣਾ ਕਰਨਗੇ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 28 ਤਰੀਕ ਨੂੰ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 129ਵਾਂ ਐਪੀਸੋਡ ਹੋਵੇਗਾ। 'ਮਨ ਕੀ

ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ 85 ਹਜ਼ਾਰ 418 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਗਿਆ ਏ ਅਤੇ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਸਜ਼ਾ ਦਰ 88 ਫ਼ੀਸਦ ਰਹੀ ਏ । ਇਸ ਸਾਲ ਹੁਣ ਤੱਕ 916 ਗੈਂਗਸਟਰਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਈ । ਪੁਲਿਸ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ 2025 ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੁਲਿਸ ਨੇ 30 ਹਜ਼ਾਰ 144 ਐਫ.ਆਈ.ਆਰ. ਦਰਜ ਕੀਤੀਆਂ ਹਨ ਅਤੇ 40 ਹਜ਼ਾਰ 302 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਨਸ਼ਾ ਸਪਲਾਈ ਕਰਨ ਵਾਲਿਆਂ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ

ਗਈ ਹੈ ਅਤੇ ਤਸਕਰੀ ਨੈੱਟਵਰਕ ਨੂੰ ਤਬਾਹ ਕਰ ਦਿੱਤਾ ਗਿਆ ਈ। ਉਨ੍ਹਾਂ ਕਿਹਾ ਕਿ ਪਿछਲੇ ਸਾਢੇ ਤਿੰਨ ਸਾਲਾਂ ਵਿੱਚ 5 ਹਜ਼ਾਰ 119 ਕਿਲੋ ਹੈਰੋਇਨ, 3 ਹਜ਼ਾਰ 458 ਕਿਲੋ ਅਫੀਮ, 5 ਕਿਲੋ 82 ਗ੍ਰਾਮ ਕੋਕੀਨ, ਅਤੇ 4 ਕਰੋੜ 98 ਲੱਖ ਕੈਪਸੂਲਾਂ ਦੇ ਨਾਲ-ਨਾਲ 52 ਕਰੋੜ 46 ਲੱਖ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਈ।

---------------------------------------------------

ਅੱਜ ਸਰਹੱਦੀ ਜਿਲਾ ਗੁਰਦਾਸਪੁਰ ਦੇ ਪਿੰਡਾਂ ਅੰਦਰ ਬਣਾਈਆਂ ਗਈਆਂ ਰੱਖਿਆ ਕਮੇਟੀਆਂ ਦੇ ਅਹੁਦੇਦਾਰਾਂ ਨਾਲ ਅੰਮ੍ਰਿਤਸਰ ਬਾਰਡਰ ਰੇਂਜ ਦੇ ਡੀ.ਆਈ.ਜੀ ਸੰਦੀਪ ਗੋਇਲ ਨੇ ਦੀਨਾਨਗਰ ਵਿਖੇ ਇਕ ਵਿਸ਼ੇਸ਼ ਮੁਲਾਕਾਤ ਕੀਤੀ । ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡੀ.ਆਈ.ਜੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਰੱਖਿਆ ਕਮੇਟੀਆਂ ਪੰਜਾਬ ਪੁਲਿਸ ਨਾਲ ਮਿਲਕੇ, ਯੁੱਧ ਵਿਰੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਵਿੱਚ ਕਾਫੀ ਸਰਗਰਮ ਭੂਮਿਕਾ ਅਦਾ ਕਰ ਰਹੀਆਂ ਨੇ।

BYTE

---------------------------------------------------

ਫਾਜ਼ਿਲਕਾ ਦੇ ਰਾਜ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਸੀਮਾ ਸੁਰੱਖਿਆ ਬਲ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਇੱਕ ਮੁਲਜ਼ਮ ਨੂੰ 5 ਕਿਲੋ ਹੈਰੋਇਨ ਸਮੇਤ ਗਿਰਫ਼ਤਾਰ ਕੀਤਾ ਏ । ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ

ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥ ਪੰਜਾਬ ਵਿੱਚ ਅੱਗੇ ਵੰਡਣ ਲਈ ਪਾਕਿਸਤਾਨ ਤੋਂ ਪ੍ਰਾਪਤ ਕੀਤੇ ਜਾਂਦੇ ਨੇ। ਅਗਲੇਰੀ ਜਾਂਚ ਜਾਰੀ ਈ।

----------------------------------------------------

ਗੁਰਦਾਸਪੁਰ ਪੁਲਿਸ ਨੇ ਬੀਤੇ ਦਿਨੀ ਬਟਾਲਾ ਦੇ ਸਟਾਫ ਰੋਡ 'ਤੇ ਦੋ ਨੌਜਵਾਨਾਂ ਤੇ ਗੋਲੀਬਾਰੀ ਕਰਨ ਦੇ ਮਾਮਲੇ 'ਚ ਸ਼ਾਮਲ ਇਕ ਨੌਜਵਾਨ ਵਿਸ਼ਾਲ ਨੂੰ ਇਕ ਪਿਸਤੌਲ ਅਤੇ 3 ਕਿਲੋ ਤੋਂ ਵੱਧ ਹੈਰੋਇਨ ਸਮੇਤ ਕਾਬੂ ਕੀਤਾ ਏ। ਬਟਾਲਾ ਦੇ ਪੁਲਿਸ ਕਪਤਾਨ ਸੰਦੀਪ ਵਢੇਰਾ ਨੇ ਦਸਿਆ ਕਿ ਗੋਲੀ ਚਲਾਉਣ ਵਾਲੇ ਮੁੱਖ ਮੁਲਜ਼ਮ ਦੀ ਪਹਿਚਾਣ ਜਸਕਰਨ ਸਿੰਘ ਜੱਸਾ ਵਜੋਂ ਹੋਈ ਈ ਅਤੇ ਉਹ ਹਾਲੇ ਫ਼ਰਾਰ ਏ। ਉਸ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਿਸ ਵੱਲੋਂ ਲਗਾਤਾਰ ਜਾਂਚ ਅਤੇ ਰੇਡ ਕੀਤੀ ਜਾ ਰਹੀ ਏ। ਪੁਲਿਸ ਵੱਲੋਂ ਅਗਲੀ ਕਰਵਾਈ ਕੀਤੀ ਜਾ ਰਹੀ ਏ।

----------------------------------------------------

ਠੰਡ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਛੱਤਬੀੜ ਦੇ ਮਹਿੰਦਰ ਚੌਧਰੀ ਜ਼ੂਆਲੋਜੀਕਲ ਪਾਰਕ ਵਿੱਚ ਜਾਨਵਰਾਂ ਲਈ ਸਾਫ਼-ਸੁਥਰੇ ਅਤੇ ਸੁਰੱਖਿਆਤਮਕ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਹਨ। ਜਾਨਵਰਾਂ ਲਈ ਰਾਤ ਦੇ ਆਸਰਾ ਸਥਾਨਾਂ ਵਿੱਚ ਰੂਮ ਹੀਟਰ ਅਤੇ ਹੀਟ ਕੰਵੈਕਟਰਾਂ ਦੀ

ਵਿਵਸਥਾ ਕੀਤੀ ਗਈ ਈ। ਸਾਰੀਆਂ ਖਿੜਕੀਆਂ ਅਤੇ ਖੁੱਲ੍ਹਿਆਂ ਥਾਵਾਂ ਨੂੰ ਪੌਲੀਥੀਨ ਸ਼ੀਟ ਜਾਂ ਫਾਈਬਰ ਸ਼ੀਟ ਅਤੇ ਸਰਕੰਡੇ ਘਾਹ ਦੀ ਛੱਤ ਨਾਲ ਢੱਕਿਆ ਗਿਆ ਈ। ਸਾਰੇ ਵਧੇਰੀ ਉਮਰ ਅਤੇ ਛੋਟੀ ਉਮਰ ਦੇ ਜਾਨਵਰਾਂ ਲਈ ਵਿਸ਼ੇਸ਼ ਤਾਪਮਾਨ ਨਿਯੰਤਰਣ ਪ੍ਰਬੰਧ ਕੀਤੇ ਗਏ ਹਨ। ਸ਼ਾਕਾਹਾਰੀ ਜਾਨਵਰਾਂ ਲਈ ਬੰਨ੍ਹਣ ਵਾਲੀਆਂ ਤਾਰਾਂ ਅਤੇ ਰੱਸੀਆਂ ਦੀ ਮਦਦ ਨਾਲ ਅਸਥਾਈ ਆਸਰਾ/ਝੌਂਪੜੀਆਂ ਬਣਾਈਆਂ ਗਈਆਂ ਨੇ । ਸਾਰੇ ਸ਼ਾਕਾਹਾਰੀ ਜਾਨਵਰਾਂ ਵਾਸਤੇ ਆਰਾਮਦਾਇਕ ਫਰਸ਼ ਲਈ ਪਰਾਲੀ ਅਤੇ ਤੂੜੀ ਦੇ ਬਿਸਤਰੇ ਦੀ ਵਿਵਸਥਾ ਕੀਤੀ ਗਈ ਈ। ਸਾਰੇ ਪੰਛੀਆਂ ਦੇ ਪਿੰਜਰਿਆਂ ਨੂੰ ਫਾਈਬਰ ਕੱਪੜੇ, ਜੂਟ ਮੈਟ ਅਤੇ ਪੌਲੀਥੀਨ ਦੀਆਂ ਚਾਦਰਾਂ ਨਾਲ ਚੰਗੀ ਤਰ੍ਹਾਂ ਢਕਿਆ ਗਿਆ ਈ ਤਾਂ ਜੋ ਉਨ੍ਹਾਂ ਨੂੰ ਠੰਢ ਅਤੇ ਮੀਂਹ ਤੋਂ ਬਚਾਇਆ ਜਾ ਸਕੇ।

---------------------------------------------------

ਭਾਰਤੀ ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਹਿਮਾਚਲ ਪ੍ਰਦੇਸ਼, ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਜਤਾਈ ਏ.

---------------------------------------------------

ਸੰਘਣੀ ਧੁੰਦ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਈ ਰੇਲਗੱਡੀਆਂ

ਦੀ ਆਵਾਜਾਈ ਵਿੱਚ ਵਿਘਨ ਪਿਆ ਈ । ਭਾਰਤੀ ਰੇਲਵੇ ਦੇ ਅਨੁਸਾਰ, 19 ਰੇਲਗੱਡੀਆਂ ਦੋ ਘੰਟੇ ਤੋਂ ਵੱਧ ਦੇਰੀ ਨਾਲ ਚੱਲ ਰਹੀਆਂ ਹਨ। ਮੁਸਾਫ਼ਰਾਂ ਨੂੰ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਰੇਲਗੱਡੀਆਂ ਦੀ ਸਥਿਤੀ ਦੀ ਜਾਂਚ ਕਰਨ ਬਾਰੇ ਸਲਾਹ ਦਿੱਤੀ ਗਈ ਏ ।

---------------------------------------------------

- ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਅੱਜ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ -ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ, ਗੁਰੂ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ ਨੇ।

- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲ ਅੱਜ ਸ਼ਰਧਾ ਭਾਵ ਨਾਲ ਸਮਾਪਤ ਹੋਇਆ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।

- ਪੰਜਾਬ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਛੱਤਬੀੜ ਚਿੜੀਆਘਰ ਵਿਖੇ ਜਾਨਵਰਾਂ ਨੂੰ ਠੰਢ ਤੋਂ ਬਚਾਉਣ ਲਈ ਕੀਤੇ ਵਿਸ਼ੇਸ਼ ਪ੍ਰਬੰਧ। ਅਤੇ

- ਮੌਸਮ ਵਿਭਾਗ ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਹਿਮਾਚਲ ਪ੍ਰਦੇਸ਼, ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਜਤਾਈ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇ ਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**